# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-05-2026**

## ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵਧ ਰਹੇ ਤਾਪਮਾਨ ਦੇ ਮੱਦੇਨਜ਼ਰ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਅਪੀਲ।

- -ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿਚ ਕੱਲ ਲੂ ਚਲਣ ਤੋਂ ਬਾਅਦ, ਮੌਸਮ 'ਚ ਤਬਦੀਲੀ ਦੀ ਪੇਸ਼ੀਨਗੋਈ ਕੀਤੀ ।
- ਕੈਬਿਨਟ ਮੰਤਰੀ ਮੋਹਿੰਦਰ ਭਗਤ ਨੇ ਸੰਬਧਤ ਅਧਿਕਾਰੀਆਂ ਨੂੰ ਸਾਬਕਾ ਸੈਨਿਕਾਂ ਲਈ ਰੁਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਦਿੱਤੇ ਨਿਰਦੇਸ਼ I

- ਭਾਰਤੀ ਫੌਜ ਨੇ, ਹਵਾਈ ਸੈਨਾ ਤੇ ਹੋਰ ਸਥਾਨਕ ਏਜੰਸੀਆਂ ਨਾਲ ਤਾਲਮੇਲ ਕਰਕੇ, ਕਸੌਲੀ ਦੇ ਪੱਛਮੀ ਢਲਾਣਾਂ ਵਿੱਚ ਲੱਗੀ ਇੱਕ ਵੱਡੀ ਜੰਗਲ ਦੀ ਅੱਗ 'ਤੇ ਕਾਬੂ ਪਾਇਆ ।
- ਪ੍ਰਸਿੱਧ ਨਿਸ਼ਾਨੇਬਾਜ਼, ਪੰਜ ਵਾਰ ਦੇ ਓਲੰਪੀਅਨ ਅਤੇ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਸਾਬਕਾ ਆਨਰੇਰੀ ਸਕੱਤਰ ਜਨਰਲ, ਰਾਜਾ ਰਣਧੀਰ ਸਿੰਘ ਦਾ ਅੱਜ ਲੰਬੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਅਤੇ
- -IPL ਕ੍ਰਿਕਟ ਵਿੱਚ, ਸਨਰਾਈਜ਼ਰਸ ਹੈਦਰਾਬਾਦ ਦਾ ਮੁਕਾਬਲਾ, ਸ਼ਾਮੀ ਸਾਢੇ 7 ਵਜੇ, ਮੋਹਾਲੀ ਵਿਖੇ, ਐਲੀਮੀ-ਨੇਟਰ ਮੈਚ ਵਿਚ, ਰਾਜਸਥਾਨ ਰਾਇਲਜ਼ ਨਾਲ ਹੋਵੇਗਾ।

## ਹੁਣ ਖਬਰਾਂ ਵਿਸਥਾਰ ਨਾਲ

----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵਧ ਰਹੇ ਤਾਪਮਾਨ ਦੇ ਵਿਚਕਾਰ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਅਪੀਲ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਲੋਕ ਖੁਦ ਨੂੰ ਹਾਈਡਰੇਟਿਡ ਰਹਿਣ ਅਤੇ ਬਾਹਰ ਜਾਣ ਵੇਲੇ ਆਪਣੇ ਨਾਲ ਪਾਣੀ ਲੈ ਕੇ ਜਾਣ ਦੀ ਸਲਾਹ ਦਿੱਤੀ ਏ। ਗਰਮੀ ਕਾਰਨ ਹੋਣ

ਵਾਲੀਆਂ ਵਧਦੀਆਂ ਮੁਸ਼ਕਲਾਂ ਨੂੰ ਬਾਰੇ , ਸ਼੍ਰੀ ਮੋਦੀ ਨੇ ਕਿਹਾ ਕਿ ਅਜਿਹੇ ਮੌਸਮ ਵਿੱਚ, ਸੰਵੇਦਨਸ਼ੀਲਤਾ ਇੱਕ ਵੱਡਾ ਸਹਾਰਾ ਬਣ ਜਾਂਦੀ ਏ । ਉਨ੍ਹਾਂ ਕਿਹਾ ਕਿ ਕੋਈ ਵੀ ਪਿਆਸ ਹੋਵੇ ਉਸਨੂੰ ਨੂੰ ਇੱਕ ਗਲਾਸ ਪਾਣੀ ਜਰੂਰ ਪਿਆਓ । ਉਨ੍ਹਾਂ ਸਾਰਿਆਂ ਨੂੰ ਆਪਣੇ ਪਰਿਵਾਰ ਅਤੇ ਕਰੀਬੀਆਂ ਦੇ ਸੰਪਰਕ ਵਿੱਚ ਰਹਿਣ ਅਤੇ ਉਨ੍ਹਾਂ ਦੀ ਤੰਦਰੁਸਤੀ ਦੀ ਜਾਂਚ ਕਰਨ ਦੀ ਵੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਤੇਜ਼ ਦੁਪਹਿਰ ਦੀ ਧੁੱਪ ਵਿੱਚ ਬਾਹਰ ਜਾਣ ਤੋਂ ਬਚਨ  ਅਤੇ ਜਿੰਨਾ ਹੋ ਸਕੇ ਆਰਾਮ ਕਰਨ ਦੀ ਸਲਾਹ ਦਿਤੀ । ਉਨ੍ਹਾਂ ਨੇ ਲੋਕਾਂ ਨੂੰ ਜਾਨਵਰਾਂ ਅਤੇ ਪੰਛੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਆਪਣੇ ਘਰਾਂ, ਬਾਲਕੋਨੀਆਂ, ਛੱਤਾਂ, ਦੁਕਾਨਾਂ ਜਾਂ ਦਫਤਰਾਂ ਦੇ ਬਾਹਰ ਪਾਣੀ ਨਾਲ ਭਰਿਆ ਇੱਕ ਛੋਟਾ ਘੜਾ ਰੱਖਣ ਦੀ ਵੀ ਸਲਾਹ ਦਿੱਤੀ। ਸ਼੍ਰੀ ਮੋਦੀ ਨੇ ਉਨ੍ਹਾਂ ਲੋਕਾਂ ਦੇ ਉਪਰਾਲਿਆਂ ਦੀ ਵੀ ਪ੍ਰਸ਼ੰਸਾ ਕੀਤੀ ਜੋ ਆਪਣੇ ਘਰਾਂ ਅਤੇ ਦੁਕਾਨਾਂ ਦੇ ਬਾਹਰ ਘੜਿਆਂ ਵਿੱਚ ਪਾਣੀ ਰੱਖਦੇ ਹਨ ਤਾਂ ਜੋ ਕੋਈ ਵੀ ਉਨ੍ਹਾਂ ਤੋਂ ਪੀ ਸਕੇ। ਪ੍ਰਧਾਨ ਮੰਤਰੀ ਨੇ ਸਾਰਿਆਂ ਨੂੰ ਇਨ੍ਹਾਂ ਮੁਸ਼ਕਲ ਸਮਿਆਂ ਦੌਰਾਨ ਪੂਰੀ ਸੰਵੇਦਨਸ਼ੀਲਤਾ ਅਤੇ ਹਮਦਰਦੀ ਨਾਲ ਇੱਕ ਦੂਜੇ ਦਾ ਧਿਆਨ ਰੱਖਣ ਦੀ ਅਪੀਲ ਕੀਤੀ।

---------------------------------------------------------------

ਮੌਸਮ ਵਿਭਾਗ ਨੇ ਕੱਲ ਤੱਕ  ਪੰਜਾਬ, ਹਰਿਆਣਾ, ਚੰਡੀਗੜ੍ਹ ਤੇ

ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ ਲੂ ਦੇ ਹਾਲਤ ਬਣੇ ਰਹਿਣ ਦੀ ਪੇਸ਼ੀਨਗੋਈ ਕੀਤੀ ਏ । ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਦਿੱਲੀ ਵਿੱਚ ਅੱਜ ਰਾਤ ਵੇਲੇ ਵੀ ਗਰਮੀ ਰਹਿਣ ਦੀ ਉਮੀਦ ਏ ।

---------------------------------------------------------------

ਪਿਛਲੇ ਕਈ ਦਿਨਾਂ ਤੋਂ ਅੱਤ ਦੀ ਗਰਮੀ ਦਾ ਸਾਹਮਣਾ ਕਰ ਰਹੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਚ ਆਉਣ ਵਾਲੇ ਦਿਨਾਂ ਵਿੱਚ ਮੌਸਮ ਵਿੱਚ ਬਦਲਾਅ ਆਉਣ ਦੀ ਚੰਗੀ ਖ਼ਬਰ ਏ । ਚੰਡੀਗੜ੍ਹ ਸਥਿਤ ਭਾਰਤੀ ਮੌਸਮ ਵਿਭਾਗ ਨੇ ਮੌਸਮ ਵਿੱਚ ਮਹੱਤਵਪੂਰਨ ਰਾਹਤ ਦੀ ਭਵਿੱਖਬਾਣੀ ਕਰਦਿਆਂ ਕੱਲ੍ਹ ਤੋਂ ਮਈ ਦੇ ਅੰਤ ਤੱਕ ਤੇਜ਼ ਬਾਰਿਸ਼, ਗਰਜ-ਚਮਕ ਨਾਲ ਕੁਝ ਥਾਵਾਂ ਤੇ ਗੜੇਮਾਰੀ ਤੇ 60 ਤੋਂ 70 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਦੇ ਯੈਲੋ ਤੇ ਓਰੰਜ ਅਲਰਟ ਜਾਰੀ ਕੀਤੇ ਨੇ। ਇਸੇ ਦੌਰਾਨ, ਅੱਜ ਦੋਵਾਂ ਸੂਬਿਆਂ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ ਮੌਸਮ ਗਰਮ ਹੀ ਰਹੇਗਾ । ਅੱਜ ਪੰਜਾਬ ਵਿੱਚ ਫਰੀਕੋਤ 46.1 ਡਿਗਰੀ ਸੈਲਸੀਅਸ ਨਾਲ ਸਭ ਤੋਂ ਗਰਮ ਰਿਹਾ ਤੇ ਹਰਿਆਣੇ ਦੇ ਰੋਹਤਕ ਵਿੱਚ ਵੱਧ ਤੋਂ ਵੱਧ ਤਾਪਮਾਨ 46.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਵੀ ਵੱਧ ਤੋਂ ਵੱਧ 43.1 ਡਿਗਰੀ ਸੈਲਸੀਅਸ ਤਾਪਮਾਨ ਰਿਹਾ ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਸਥਿਤ ਪੰਜਾਬ ਲੋਕ ਭਵਨ ਵਿਖੇ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੇ ਜੀਵਨ 'ਤੇ ਲਿਖੀ ਕਿਤਾਬ "ਅਟਲ ਸੰਸਮਰਨ" ਜਾਰੀ ਕੀਤੀ। ਇਹ ਕਿਤਾਬ ਸੀਨੀਅਰ ਪੱਤਰਕਾਰ ਅਸ਼ੋਕ ਟੰਡਨ ਨੇ, ਭਾਰਤ ਰਤਨ ਸ਼੍ਰੀ ਵਾਜਪਾਈ ਦੇ ਜਨਮ ਸ਼ਤਾਬਦੀ ਵਰ੍ਹੇ ਦੇ ਜਸ਼ਨਾਂ ਦੌਰਾਨ ਲਿਖੀ ਏ । ਇਕੱਠ ਨੂੰ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਅਟਲ ਜੀ ਨੂੰ ਇੱਕ ਦੂਰਦਰਸ਼ੀ ਰਾਜਨੇਤਾ, ਇੱਕ ਮਿਸਾਲੀ ਸੰਸਦ ਮੈਂਬਰ ਅਤੇ ਇੱਕ ਸੱਚਾ ਰਾਸ਼ਟਰਵਾਦੀ ਦੱਸਿਆ ਜਿਨ੍ਹਾਂ ਨੇ ਆਪਣਾ ਪੂਰਾ ਜੀਵਨ ਭਾਰਤ ਮਾਤਾ ਦੀ ਸੇਵਾ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਅਟਲ ਜੀ ਨੇ ਹਮੇਸ਼ਾ ਰਾਜਨੀਤਿਕ ਹਿੱਤਾਂ, ਨਿੱਜੀ ਇੱਛਾਵਾਂ ਅਤੇ ਸੱਤਾ ਦੇ ਅਹੁਦਿਆਂ ਤੋਂ ਉੱਪਰ "ਰਾਸ਼ਟਰ ਨੂੰ ਪਹਿਲਾਂ" ਰੱਖਿਆ। ਇਸ ਮੌਕੇ 'ਤੇ ਮੌਜੂਦ ਹੋਰਨਾਂ ਵਿੱਚ ਸੇਵਾਮੁਕਤ ਜਸਟਿਸ ਸ਼ਬੀਹੁਲ ਹਸਨੈਨ, ਭਾਰਤ ਦੇ ਵਧੀਕ ਸਾਲਿਸਟਰ ਜਨਰਲ, ਸੱਤਿਆ ਪਾਲ ਜੈਨ ਅਤੇ ਸਾਬਕਾ ਫੌਜ ਮੁਖੀ, ਜਨਰਲ ਵੇਦ ਪ੍ਰਕਾਸ਼ ਮਲਿਕ ਤੋਂ ਇਲਾਵਾ ਹੋਰ ਪਤਵੰਤੇ ਸ਼ਾਮਲ ਰਹੇ ।

---

ਕੇਂਦਰੀ ਜਾਂਚ ਬਿਊਰੋ ਨੇ ਅੱਜ NEET UG 2026 ਪੇਪਰ ਲੀਕ ਮਾਮਲੇ ਵਿੱਚ ਤਿੰਨ ਹੋਰ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਏ ।

ਇਨ੍ਹਾਂ ਵਿੱਚ ਮਹਾਰਾਸ਼ਟਰ ਦੇ ਲਾਤੂਰ ਦਾ ਇੱਕ ਡਾਕਟਰ ਅਤੇ ਪੁਣੇ ਦੇ ਇੱਕ ਕੋਚਿੰਗ ਇੰਸਟੀਚਿਊਟ ਦਾ ਇੱਕ ਅਧਿਆਪਕ ਸ਼ਾਮਲ ਏ । ਜਾਂਚ ਏਜੰਸੀ ਨੇ ਪੁਣੇ ਦੇ ਇੱਕ ਹੋਰ ਕੋਚਿੰਗ ਇੰਸਟੀਚਿਊਟ ਤੋਂ ਇੱਕ ਭੌਤਿਕ ਵਿਗਿਆਨ ਅਧਿਆਪਕ ਨੂੰ ਵੀ ਗ੍ਰਿਫ਼ਤਾਰ

------------------------------------------------------------

ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ-ਪੈਸਕੋ ਨੂੰ ਹੋਰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਰੁਜ਼ਗਾਰ ਦੇ ਬਿਹਤਰ ਮੌਕੇ ਅਤੇ ਭਲਾਈ ਸਕੀਮਾਂ ਦੇ ਲਾਭ ਪ੍ਰਦਾਨ ਕੀਤੇ ਜਾ ਸਕਣ। ਪੰਜਾਬ ਸਿਵਲ ਸਕੱਤਰੇਤ ਵਿਖੇ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਕੈਬਨਿਟ ਮੰਤਰੀ ਨੇ ਪੈਸਕੋ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਮੀਟਿੰਗ ਦੌਰਾਨ, ਮੰਤਰੀ ਨੂੰ ਕਾਰਪੋਰੇਸ਼ਨ ਦੇ ਚੱਲ ਰਹੇ ਵੱਖ-ਵੱਖ ਪ੍ਰੋਗਰਾਮਾਂ ਅਤੇ ਪ੍ਰਬੰਧਕੀ ਮਾਮਲਿਆਂ ਬਾਰੇ ਜਾਣੂ ਕਰਵਾਇਆ। ਮੀਟਿੰਗ ਦੌਰਾਨ ਵਿੱਤੀ ਪ੍ਰਬੰਧਨ, ਕਰਮਚਾਰੀਆਂ ਦੇ ਬੀਮਾ ਕਵਰੇਜ, ਤਨਖਾਹਾਂ ਦੀ ਸੁਚਾਰੂ ਵੰਡ, ਸੁਰੱਖਿਆ ਗਾਰਡਾਂ ਦੀ ਸਿਖਲਾਈ, ਵਿਭਾਗੀ ਸੰਪਤੀਆਂ ਦੀ ਸਾਂਭ-ਸੰਭਾਲ, ਅਗਨੀਵੀਰਾਂ ਲਈ ਰੁਜ਼ਗਾਰ ਦੇ ਮੌਕੇ ਅਤੇ ਪੁਰਾਣੀਆਂ ਸਿਖਲਾਈ ਸੰਸਥਾਵਾਂ ਨੂੰ ਅਪਗ੍ਰੇਡ

ਕਰਨ ਬਾਰੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੰਤਰੀ ਨੇ ਅਧਿਕਾਰੀਆਂ ਨੂੰ ਸਾਰੀਆਂ ਭਲਾਈ ਸਕੀਮਾਂ ਦੀ ਪਾਰਦਰਸ਼ਤਾ, ਕੁਸ਼ਲਤਾ ਅਤੇ ਸਮੇਂ ਸਿਰ ਲਾਗੂਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਨੇ ਦੇਸ਼ ਲਈ ਵੱਡਮੁੱਲੀਆਂ ਸੇਵਾਵਾਂ ਨਿਭਾਈਆਂ ਹਨ ਅਤੇ ਉਨ੍ਹਾਂ ਦੇ ਮਾਣ-ਸਨਮਾਨ, ਭਲਾਈ ਅਤੇ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਉਣਾ ਸੂਬਾ ਸਰਕਾਰ ਦੀ ਤਰਜੀਹ ਏ । ਉਨ੍ਹਾਂ  ਕਿਹਾ ਕਿ ਪੈਸਕੋ ਨੂੰ ਅਪਗ੍ਰੇਡ ਕਰਨ ਅਤੇ ਸੂਬੇ ਭਰ ਵਿੱਚ ਸਾਬਕਾ ਸੈਨਿਕਾਂ ਲਈ ਰੁਜ਼ਗਾਰ ਦੇ ਮੌਕਿਆਂ ਵਿੱਚ ਵਾਧਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

-------------------------------------------------------------

ਭਾਰਤੀ ਫੌਜ ਨੇ 15 ਘੰਟਿਆਂ ਤੋਂ ਵੱਧ ਸਮੇਂ ਤੱਕ ਚੱਲੇ ਇੱਕ ਲਗਾਤਾਰ ਰਾਤ ਦੇ ਆਪ੍ਰੇਸ਼ਨ ਅਤੇ ਦਿਨ ਭਰ ਲਗਾਤਾਰ ਕੋਸ਼ਿਸ਼ਾਂ ਤੋਂ ਬਾਅਦ, ਹਵਾਈ ਸੈਨਾ, ਕਸੌਲੀ ਦੇ ਸਿਵਲ ਅਧਿਕਾਰੀਆਂ ਅਤੇ ਚੰਡੀਗੜ੍ਹ ਪ੍ਰਸ਼ਾਸਨ ਅਤੇ ਹੋਰ ਸਥਾਨਕ ਏਜੰਸੀਆਂ ਨਾਲ ਨੇੜਿਓਂ ਤਾਲਮੇਲ ਕਰਕੇ ਕਸੌਲੀ ਦੇ ਪੱਛਮੀ ਢਲਾਣਾਂ 'ਤੇ ਗਿਲ-ਬਰਟ ਟ੍ਰੇਲ ਅਤੇ ਅੱਪਰ ਮਾਲ ਖੇਤਰਾਂ ਵਿੱਚ ਲੱਗੀ ਇੱਕ ਵੱਡੀ ਜੰਗਲ ਦੀ ਅੱਗ 'ਤੇ ਕਾਬੂ ਪਾ ਲਿਆ ਏ । ਬੀਤੇ ਕੱਲ ਕਰੀਬ ਬਾਅਦ ਦੁਪਹਿਰ 3 ਵਜੇ  ਅੱਗ ਲੱਗਣ ਤੋਂ ਬਾਅਦ, ਭਾਰਤੀ ਫੌਜ ਦੀ ਕਸੌਲੀ ਬ੍ਰਿਗੇਡ ਨੇ ਸੰਘਣੇ ਜੰਗਲਾਂ ਅਤੇ ਮੁਸ਼ਕਲ

ਇਲਾਕਿਆਂ ਵਿੱਚ ਅੱਗ ਦੇ ਫੈਲਾਅ ਨੂੰ ਰੋਕਣ ਲਈ ਤੁਰੰਤ ਅਤੇ ਤਾਲਮੇਲ ਵਾਲੀ ਕਾਰਵਾਈ ਸ਼ੁਰੂ ਕੀਤੀ। ਇਸ ਆਪ੍ਰੇਸ਼ਨ ਵਿੱਚ ਫੌਜ ਦੇ ਕਰਮਚਾਰੀਆਂ, ਫਾਇਰ ਟੈਂਡਰਾਂ ਅਤੇ ਪਾਣੀ ਦੇ ਵਾਹਨਾਂ ਨਾਲ ਜ਼ਮੀਨੀ ਪੱਧਰ 'ਤੇ ਅੱਗ ਬੁਝਾਉਣ ਦੇ ਵਿਆਪਕ ਯਤਨ ਸ਼ਾਮਲ ਸਨ। ਕਾਰਵਾਈ ਵਿੱਚ ਤਾਇਨਾਤ ਸਾਰੇ ਕਰਮਚਾਰੀ ਅਤੇ ਉਪਕਰਣ ਸੁਰੱਖਿਅਤ ਨੇ । ਨਾਗਰਿਕਾਂ ਜਾਂ ਰਾਹਤ ਕਰਮਚਾਰੀਆਂ ਵਿੱਚ ਕੋਈ ਜਾਨੀ ਨੁਕਸਾਨ ਜਾਂ ਸੱਟ ਲੱਗਣ ਦੀ ਕੋਈ ਕਬਰ ਨਹੀਂ ਏ । ਪੱਛਮੀ ਕਮਾਂਡ ਦੇ ਕਮਾਂਡਰ ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਨੇ ਚੱਲ ਰਹੇ ਕਾਰਜਾਂ ਦੀ ਸਮੀਖਿਆ ਕੀਤੀ I

---

ਪ੍ਰਸਿੱਧ ਨਿਸ਼ਾਨੇਬਾਜ਼, ਪੰਜ ਵਾਰ ਦੇ ਓਲੰਪੀਅਨ ਅਤੇ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਸਾਬਕਾ ਆਨਰੇਰੀ ਸਕੱਤਰ ਜਨਰਲ, ਰਾਜਾ ਰਣਧੀਰ ਸਿੰਘ ਦਾ ਅੱਜ ਲੰਬੀ ਬਿਮਾਰੀ ਤੋਂ ਬਾਅਦ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਦੇਹਾਂਤ ਹੋ ਗਿਆ। ਉਹ 79 ਸਾਲ ਦੇ ਸਨ। ਇੱਕ ਤਜਰਬੇਕਾਰ ਖੇਡ ਪ੍ਰਸ਼ਾਸਕ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਤੇ ਹੁਣ ਇੱਕ ਸੀਨੀਅਰ BJP ਨੇਤਾ, ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ, ਰਣਧੀਰ ਸਿੰਘ ਪਟਿਆਲਾ ਦੇ ਸ਼ਾਹੀ ਪਰਿਵਾਰ ਨਾਲ ਸਬੰਧਤ ਅਤੇ ਪ੍ਰਸਿੱਧ ਖੇਡ ਪਰਿਵਾਰ ਦੀ ਚੌਥੀ ਪੀੜ੍ਹੀ ਵਿੱਚੋਂ ਸਨ। ਉਨ੍ਹਾਂ ਦੇ ਚਾਚਾ, ਮਹਾਰਾਜਾ

ਯਾਦਵਿੰਦਰ ਸਿੰਘ, ਟੈਸਟ ਕ੍ਰਿਕਟ ਵਿੱਚ ਭਾਰਤ ਦੀ ਨੁਮਾਇੰਦਗੀ ਕਰਦੇ ਸਨ, ਜਦੋਂ ਕਿ ਉਨ੍ਹਾਂ ਦੇ ਪਿਤਾ, ਰਾਜਾ ਭਾਲਿੰਦਰ ਸਿੰਘ ਨੇ , 1947 ਤੋਂ 1992 ਤੱਕ ਭਾਰਤੀ ਓਲੰਪਿਕ ਕਮੇਟੀ ਦੇ ਮੈਂਬਰ ਵਜੋਂ ਸੇਵਾ ਨਿਭਾਈ । ਏਸ਼ੀਅਨ ਖੇਡਾਂ ਦੇ ਸੋਨ ਤਮਗਾ ਜੇਤੂ, ਸਾਬਕਾ ਅਰਜੁਨ ਪੁਰਸਕਾਰ ਜੇਤੂ, ਉਨ੍ਹਾਂ  ਭਾਰਤੀ ਅਤੇ ਅੰਤਰਰਾਸ਼ਟਰੀ ਖੇਡ ਪ੍ਰਸ਼ਾਸਨ ਵਿੱਚ ਕਈ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕੀਤਾ। ਉਨ੍ਹਾਂ ਨੇ ਓਲੰਪਿਕ ਕੌਂਸਲ ਆਫ਼ ਏਸ਼ੀਆ ਦੇ ਸਕੱਤਰ ਜਨਰਲ ਵਜੋਂ ਵੀ ਸੇਵਾ ਨਿਭਾਈ ਅਤੇ ਆਨਰੇਰੀ ਮੈਂਬਰ ਬਣਨ ਤੋਂ ਪਹਿਲਾਂ ਅੰਤਰ-ਰਾਸ਼ਟਰੀ ਓਲੰਪਿਕ ਕਮੇਟੀ ਦੇ ਮੈਂਬਰ ਸਨ।

ਉਨ੍ਹਾਂ ਵੱਖ-ਵੱਖ IOC ਕਮਿਸ਼ਨਾਂ ਵਿੱਚ ਵੀ ਸੇਵਾ ਨਿਭਾਈ ਅਤੇ ਵਿਸ਼ਵ ਡੋਪਿੰਗ ਵਿਰੋਧੀ ਏਜੰਸੀ (WADA) ਫਾਊਂਡੇਸ਼ਨ ਬੋਰਡ ਵਿੱਚ IOC ਦੀ ਨੁਮਾਇੰਦਗੀ ਕੀਤੀ। ਇਸ ਤੋਂ ਇਲਾਵਾ, ਉਨ੍ਹਾਂ ਭਾਰਤੀ ਖੇਡ  ਅਥਾਰਟੀ , ਰਾਸ਼ਟਰੀ ਓਲੰਪਿਕ ਕਮੇਟੀਆਂ ਬਾਰੇ ਐਸੋਸੀਏਸ਼ਨ (ANOC) ਅਤੇ ਐਫਰੋ-ਏਸ਼ੀਅਨ ਗੇਮਜ਼ ਕੌਂਸਲ ਸਮੇਤ ਕਈ ਹੋਰ ਖੇਡ ਸੰਸਥਾਵਾਂ ਵਿੱਚ ਅਹੁਦਿਆਂ 'ਤੇ ਕੰਮ ਕੀਤਾ। ਨੈਸ਼ਨਲ ਰਾਈਫਲ ਐਸੋਸੀਏਸ਼ਨ ਆਫ਼ ਇੰਡੀਆ (NRAI) ਨੇ, ਮਹਾਨ ਨਿਸ਼ਾਨੇਬਾਜ਼ ਅਤੇ ਭਾਰਤ ਦੇ ਸਭ ਤੋਂ ਸਤਿਕਾਰਤ ਖੇਡ ਪ੍ਰਸ਼ਾਸਕ, ਰਾਜਾ ਰਣਧੀਰ ਸਿੰਘ ਦੇ ਦੇਹਾਂਤ 'ਤੇ ਸੋਗ

ਪ੍ਰਗਟ ਕੀਤਾ ਏ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ।

-----------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ , ਪੰਜ ਮੁਲਜ਼ਮਾਂ ਨੂੰ 8 ਆਧੁਨਿਕ ਪਿਸਤੌਲਾਂ ਅਤੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਅਰਸ਼ਦੀਪ ਸਿੰਘ ਤੇ ਮਨਪ੍ਰੀਤ ਸਿੰਘ ਅਤੇ ਤਰਨ ਤਾਰਨ ਦੇ ਸੁਖਰਾਜ ਸਿੰਘ, ਰਾਹੁਲ ਗਿੱਲ ਤੇ ਅਰਸ਼ਦੀਪ ਸਿੰਘ ਵਜੋਂ ਹੋਈ ਏ । ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦਾ ਪੁਰਾਣਾ ਅਪਰਾਧਕ ਪਿਛੋਕੜ ਏ ਜਿਨ੍ਹਾਂ ਖ਼ਿਲਾਫ਼ ਅਸਲਾ ਐਕਟ, ਐਨ.ਡੀ.ਪੀ.ਐਸ ਐਕਟ, ਕਤਲ ਦੀ ਕੋਸ਼ਿਸ਼, ਅਗਵਾ ਅਤੇ ਜੇਲ੍ਹ ਐਕਟ ਤਹਿਤ ਕਈ ਮਾਮਲੇ ਦਰਜ ਨੇ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ

ਵਿਦੇਸ਼ੀ ਤਸਕਰ ਨਾਲ ਸੰਪਰਕ ਲਈ ਵਰਚੁਅਲ ਨੰਬਰਾਂ ਦੀ ਵਰਤੋਂ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਇਹ ਮਾਡਿਊਲ, ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀਆਂ ਜਾਂਦੀਆਂ ਹਥਿਆਰਾਂ ਅਤੇ ਨਸ਼ਿਆਂ ਦੀਆਂ ਖੇਪਾਂ ਪ੍ਰਾਪਤ ਕਰਕੇ ਇਨ੍ਹਾਂ ਨੂੰ ਪੰਜਾਬ ਵਿੱਚ ਅੱਗੇ ਅਪਰਾਧਕ ਤੱਤਾਂ ਨੂੰ ਸਪਲਾਈ ਕਰਦਾ ਸੀ।  ਡੀਜੀਪੀ ਨੇ ਕਿਹਾ ਕਿ ਨੈੱਟਵਰਕ ਨਾਲ ਜੁੜੇ ਹੋਰ ਮੈਂਬਰਾਂ ਦੀ ਪਛਾਣ ਲਈ ਇਸ ਮਾਮਲੇ ਵਿੱਚ ਅਗਲੇਰੀ ਜਾਂਚ ਕੀਤੀ ਜਾ ਰਹੀ ਏ।

---------------------------------------------------------

IPL ਕ੍ਰਿਕਟ ਵਿੱਚ, ਅੱਜ ਮੋਹਾਲੀ ਦੇ ਨਿਊ ਚੰਡੀਗੜ੍ਹ ਵਿਖੇ, ਸਨਰਾਈਜ਼ਰਸ ਹੈਦਰਾਬਾਦ ਦਾ ਮੁਕਾਬਲਾ ਐਲੀਮੀ-ਨੇਟਰ ਮੈਚ ਵਿਚ ਰਾਜਸਥਾਨ ਰਾਇਲਜ਼ ਨਾਲ ਹੋਵੇਗਾ ।ਮੈਚ ਸ਼ਾਮੀ ਸਾਢੇ 7  ਵਜੇ ਸ਼ੁਰੂ ਹੋਵੇਗਾ। ਜੇਤੂ ਟੀਮ ਦਾ ਮੁਕਾਬਲਾ ਸ਼ੁੱਕਰਵਾਰ ਨੂੰ ਦੂਜੇ ਕੁਆਲੀਫਾਇਰ ਵਿੱਚ ਗੁਜਰਾਤ ਟਾਈਟਨਜ਼ ਨਾਲ ਹੋਵੇਗਾ । ਫਾਈਨਲ ਮੈਚ 31 ਮਈ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਖੇਡਿਆ ਜਾਵੇਗਾ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵਧ ਰਹੇ ਤਾਪਮਾਨ ਦੇ ਮੱਦੇਨਜ਼ਰ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਅਪੀਲ।
- -ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿਚ ਕੱਲ ਲੂ ਚਲਣ ਤੋਂ ਬਾਅਦ, ਮੌਸਮ 'ਚ ਤਬਦੀਲੀ ਦੀ ਪੇਸ਼ੀਨਗੋਈ ਕੀਤੀ।
- ਕੈਬਿਨਟ ਮੰਤਰੀ ਮੋਹਿੰਦਰ ਭਗਤ ਨੇ ਸੰਬਧਤ ਅਧਿਕਾਰੀਆਂ ਨੂੰ ਸਾਬਕਾ ਸੈਨਿਕਾਂ ਲਈ ਰੁਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਦਿੱਤੇ ਨਿਰਦੇਸ਼ I
- ਭਾਰਤੀ ਫੌਜ ਨੇ, ਹਵਾਈ ਸੈਨਾ ਤੇ ਹੋਰ ਸਥਾਨਕ ਏਜੰਸੀਆਂ ਨਾਲ ਤਾਲਮੇਲ ਕਰਕੇ, ਕਸੌਲੀ ਦੇ ਪੱਛਮੀ ਢਲਾਣਾਂ ਵਿੱਚ ਲੱਗੀ ਇੱਕ ਵੱਡੀ ਜੰਗਲ ਦੀ ਅੱਗ 'ਤੇ ਕਾਬੂ ਪਾਇਆ ।
- ਪ੍ਰਸਿੱਧ ਨਿਸ਼ਾਨੇਬਾਜ਼, ਪੰਜ ਵਾਰ ਦੇ ਓਲੰਪੀਅਨ ਅਤੇ ਭਾਰਤੀ ਓਲੰਪਿਕ ਐਸੋਸੀਏਸ਼ਨ ਦੇ ਸਾਬਕਾ ਆਨਰੇਰੀ ਸਕੱਤਰ ਜਨਰਲ, ਰਾਜਾ ਰਣਧੀਰ ਸਿੰਘ ਦਾ ਅੱਜ ਲੰਬੀ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਅਤੇ

- -IPL ਕ੍ਰਿਕਟ ਵਿੱਚ, ਸਨਰਾਈਜ਼ਰਸ ਹੈਦਰਾਬਾਦ ਦਾ ਮੁਕਾਬਲਾ, ਸ਼ਾਮੀ ਸਾਢੇ 7 ਵਜੇ, ਮੋਹਾਲੀ ਵਿਖੇ, ਐਲੀਮੀ-ਨੇਟਰ ਮੈਚ ਵਿਚ, ਰਾਜਸਥਾਨ ਰਾਇਲਜ਼ ਨਾਲ ਹੋਵੇਗਾ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 **ਵੱਜਕੇ 30** ਮਿੰਟ 'ਤੇ ਨਮਸਕਾਰ